ਮਲਾਰ ਮਹਲਾ ੫ ॥ ਸਗਲ ਬਿਧੀ ਜੁਰਿ ਆਹਰੁ ਕਰਿਆ ਤਜਿਓ ਸਗਲ ਅੰਦੇਸਾ ॥ ਕਾਰਜੁ ਸਗਲ ਅਰੰਭਿਓ ਘਰ ਕਾ ਠਾਕੁਰ ਕਾ ਭਾਰੋਸਾ ॥੧॥ ਸੁਨੀਐ ਬਾਜੈ ਬਾਜ ਸੁਹਾਵੀ ॥ ਭੋਰੁ ਭਇਆ ਮੈ ਪ੍ਰਿਅ ਮੁਖ ਪੇਖੇ ਗ੍ਰਿਹਿ ਮੰਗਲ ਸੁਹਲਾਵੀ ॥੧॥ ਰਹਾਉ ॥ ਮਨੂਆ ਲਾਇ ਸਵਾਰੇ ਥਾਨਾਂ ਪੂਛਉ ਸੰਤਾ ਜਾਏ ॥ ਖੋਜਤ ਖੋਜਤ ਮੈ ਪਾਹੁਨ ਮਿਲਿਓ ਭਗਤਿ ਕਰਉ ਨਿਵਿ ਪਾਏ ॥੨॥ ਜਬ ਪ੍ਰਿਅ ਆਇ ਬਸੇ ਗ੍ਰਿਹਿ ਆਸਨਿ ਤਬ ਹਮ ਮੰਗਲੁ ਗਾਇਆ ॥ ਮੀਤ ਸਾਜਨ ਮੇਰੇ ਭਏ ਸੁਹੇਲੇ ਪ੍ਰਭੁ ਪੂਰਾ ਗੁਰੂ ਮਿਲਾਇਆ ॥੩॥ ਸਖੀ ਸਹੇਲੀ ਭਏ ਅਨੰਦਾ ਗੁਰਿ ਕਾਰਜ ਹਮਰੇ ਪੂਰੇ ॥ ਕਹੁ ਨਾਨਕ ਵਰੁ ਮਿਲਿਆ ਸੁਖਦਾਤਾ ਛੋਡਿ ਨ ਜਾਈ ਦੂਰੇ ॥੪॥੩॥ {ਪੰਨਾ 1266-1267}

ਪਦ ਅਰਥ:- ਸਗਲ ਬਿਧਿ—ਸਾਰੇ ਤਰੀਕਿਆਂ ਨਾਲ, ਸਾਰੇ ਢੰਗਾਂ ਨਾਲ। ਜੁਰਿ—ਜੁੜ ਕੇ। ਆਹਰੁ—ਉੱਦਮ। ਅੰਦੇਸਾ—ਚਿੰਤਾ-ਫ਼ਿਕਰ। ਕਾਰਜੁ ਘਰ ਕਾ—ਹਿਰਦੇ-ਘਰ ਦਾ ਕੰਮ, ਆਤਮਕ ਜੀਵਨ ਨੂੰ ਚੰਗਾ ਬਣਾਣ ਦਾ ਕੰਮ। ਭਾਰੋਸਾ—ਭਰੋਸਾ, ਸਹਾਰਾ।1।

ਸੁਨੀਐ—ਸੁਣੀ ਜਾ ਰਹੀ ਹੈ। ਬਾਜੈ ਬਾਜ—ਵਾਜੇ ਦੀ ਆਵਾਜ਼। ਸੁਹਾਵੀ—(ਕੰਨਾਂ ਨੂੰ) ਸੋਹਣੀ ਲੱਗਣ ਵਾਲੀ। ਭੋਰੁ—ਦਿਨ, ਚਾਨਣ। ਗ੍ਰਿਹ—ਹਿਰਦਾ-ਘਰ। ਮੰਗਲ—ਆਨੰਦ, ਖ਼ੁਸ਼ੀਆਂ। ਸੁਹਲਾਵੀ—ਸੁਖੀ।1। ਰਹਾਉ।

ਮਨੂਆ ਲਾਇ—ਮਨ ਲਾ ਕੇ, ਪੂਰੇ ਧਿਆਨ ਨਾਲ। ਸਵਾਰੇ—ਸਵਾਰ ਲਏ ਹਨ, ਚੰਗੇ ਬਣਾ ਲਏ ਹਨ। ਥਾਨਾਂ—ਸਾਰੇ ਥਾਂ, ਸਾਰੇ ਇੰਦ੍ਰੇ। ਪੂਛਉ—ਪੂਛਉਂ, ਮੈਂ ਪੁੱਛਦੀ ਹਾਂ। ਜਾਏ—ਜਾਇ, ਜਾ ਕੇ। ਮੈ—ਮੈਨੂੰ। ਪਾਹੁਨ—ਪ੍ਰਾਹੁਣਾ, ਲਾੜਾ, ਨੀਂਗਰ, ਪ੍ਰਭੂ-ਪਤੀ। ਕਰਉ—ਕਰਉਂ, ਮੈਂ ਕਰਦੀ ਹਾਂ। ਨਿਵਿ—ਨਿਉਂ ਕੇ। ਪਾਏ—ਪਾਇ, ਚਰਨੀਂ।2।

ਪ੍ਰਿਅ—ਪਿਆਰੇ ਪ੍ਰਭੂ ਜੀ। ਗ੍ਰਿਹਿ—ਹਿਰਦੇ-ਘਰ ਵਿਚ। ਆਸਨਿ—ਆਸਣ ਉੱਤੇ। ਹਮ—ਅਸਾਂ, ਮੈਂ। ਮੀਤ ਸਾਜਨ—ਸੱਜਣ ਮਿੱਤਰ, ਗਿਆਨ-ਇੰਦ੍ਰੇ। ਸੁਹੇਲੇ—ਸੁਖੀ।3।

ਸਖੀ ਸਹੇਲੀ—ਸਹੇਲੀਆਂ, ਇੰਦ੍ਰੀਆਂ। ਗੁਰਿ—ਗੁਰੂ ਨੇ। ਪੂਰੇ—ਸਿਰੇ ਚਾੜ੍ਹ ਦਿੱਤੇ। ਵਰੁ—ਖਸਮ। ਛੋਡਿ—ਛੱਡ ਕੇ।4।

ਅਰਥ:- ਹੇ ਸਖੀ! ਜਦੋਂ ਮੈਂ ਪਿਆਰੇ ਪ੍ਰਭੂ ਜੀ ਦਾ ਮੂੰਹ ਵੇਖ ਲਿਆ (ਦਰਸਨ ਕੀਤਾ), ਮੇਰੇ ਹਿਰਦੇ-ਘਰ ਵਿਚ ਆਨੰਦ ਹੀ ਆਨੰਦ ਬਣ ਗਿਆ, ਮੇਰੇ ਅੰਦਰ ਸ਼ਾਂਤੀ ਪੈਦਾ ਹੋ ਗਈ, ਮੇਰੇ ਅੰਦਰ (ਆਤਮਕ ਜੀਵਨ ਦੀ ਸੂਝ ਦਾ) ਦਿਨ ਚੜ੍ਹ ਪਿਆ, (ਮੇਰੇ ਅੰਦਰ ਇਹੋ ਜਿਹਾ ਆਨੰਦ ਬਣ ਗਿਆ ਹੈ, ਜਿਵੇਂ ਕਿ ਅੰਦਰ) ਕੰਨਾਂ ਨੂੰ ਸੋਹਣੀ ਲੱਗਣ ਵਾਲੀ (ਕਿਸੇ) ਵਾਜੇ ਦੀ ਅਵਾਜ਼ ਸੁਣੀ ਜਾ ਰਹੀ ਹੈ।1। ਰਹਾਉ।

ਹੇ ਸਖੀ! ਹੁਣ ਮੈਂ ਆਤਮਕ ਜੀਵਨ ਨੂੰ ਚੰਗਾ ਬਣਾਣ ਦਾ ਸਾਰਾ ਕੰਮ ਸ਼ੁਰੂ ਕਰ ਦਿੱਤਾ ਹੈ, ਮੈਨੂੰ ਹੁਣ ਮਾਲਕ-ਪ੍ਰਭੂ ਦਾ (ਹਰ ਵੇਲੇ) ਸਹਾਰਾ ਹੈ। ਮੈਂ ਹੁਣ ਸਾਰੇ ਚਿੰਤਾ-ਫ਼ਿਕਰ ਮਿਟਾ ਦਿੱਤੇ ਹਨ, (ਹੁਣ ਮੈਨੂੰ ਇਉਂ ਜਾਪਦਾ ਹੈ ਕਿ ਸਫਲਤਾ ਦੇ) ਸਾਰੇ ਢੰਗਾਂ ਨੇ ਰਲ ਕੇ (ਮੇਰੀ ਹਰੇਕ ਸਫਲਤਾ ਵਾਸਤੇ) ਉੱਦਮ ਕੀਤਾ ਹੋਇਆ ਹੈ।1।

ਹੇ ਸਖੀ! ਪੂਰੇ ਧਿਆਨ ਨਾਲ ਮੈਂ ਆਪਣੇ ਸਾਰੇ ਇੰਦ੍ਰਿਆਂ ਨੂੰ ਸੋਹਣਾ ਬਣਾ ਲਿਆ ਹੈ। ਮੈਂ ਸੰਤਾਂ ਪਾਸੋਂ ਜਾ ਕੇ (ਪ੍ਰਭੂ-ਪਤੀ ਦੇ ਮਿਲਾਪ ਦੀਆਂ ਗੱਲਾਂ) ਪੁੱਛਦੀ ਰਹਿੰਦੀ ਹਾਂ। ਭਾਲ ਕਰਦਿਆਂ ਕਰਦਿਆਂ ਮੈਨੂੰ ਪ੍ਰਭੂ-ਪਤੀ ਮਿਲ ਪਿਆ ਹੈ। ਹੁਣ ਮੈਂ ਉਸ ਦੇ ਚਰਨਾਂ ਤੇ ਢਹਿ ਕੇ ਉਸ ਦੀ ਭਗਤੀ ਕਰਦੀ ਰਹਿੰਦੀ ਹਾਂ।2।

ਹੇ ਸਖੀ! ਜਦੋਂ ਤੋਂ ਪਿਆਰੇ ਪ੍ਰਭੂ ਜੀ ਮੇਰੇ ਹਿਰਦੇ-ਘਰ ਵਿਚ ਆ ਵੱਸੇ ਹਨ, ਮੇਰੇ ਹਿਰਦੇ-ਤਖ਼ਤ ਉੱਤੇ ਆ ਬੈਠੇ ਹਨ, ਤਦੋਂ ਤੋਂ ਮੈਂ ਉਸੇ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੀ ਹਾਂ। ਗੁਰੂ ਨੇ ਮੈਨੂੰ ਪੂਰਨ ਪ੍ਰਭੂ ਮਿਲਾ ਦਿੱਤਾ ਹੈ, ਮੇਰੇ ਇੰਦ੍ਰੇ ਸੌਖੇ (ਸ਼ਾਂਤ) ਹੋ ਗਏ ਹਨ।3।

ਹੇ ਨਾਨਕ! ਆਖ—(ਹੇ ਸਖੀ!) ਗੁਰੂ ਨੇ ਮੇਰੇ ਸਾਰੇ ਕੰਮ ਸਵਾਰ ਦਿੱਤੇ ਹਨ, ਮੇਰੀਆਂ ਸਾਰੀਆਂ ਇੰਦ੍ਰੀਆਂ ਨੂੰ ਆਨੰਦ ਪ੍ਰਾਪਤ ਹੋ ਗਿਆ ਹੈ। ਸਾਰੇ ਸੁਖ ਦੇਣ ਵਾਲਾ ਪ੍ਰਭੂ-ਪਤੀ ਮੈਨੂੰ ਮਿਲ ਪਿਆ ਹੈ। ਹੁਣ ਉਹ ਮੈਨੂੰ ਛੱਡ ਕੇ ਕਿਤੇ ਦੂਰ ਨਹੀਂ ਜਾਂਦਾ।4।3।